# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 04-10-2024**

ਕੇਂਦਰੀ ਮੰਤਰੀ ਮੰਡਲ ਨੇ 11 ਲੱਖ 72 ਹਜ਼ਾਰ ਤੋਂ ਵੱਧ ਰੇਲਵੇ ਮੁਲਾਜ਼ਮਾਂ ਲਈ, 78 ਦਿਨਾਂ ਦੇ ਬੋਨਸ ਨੂੰ ਮਨਜ਼ੂਰੀ ਦੇ ਦਿੱਤੀ ਏ । ਬੋਨਸ 'ਤੇ 2 ਹਜ਼ਾਰ 29 ਕਰੋੜ ਰੁਪਏ ਖਰਚ ਕੀਤੇ ਜਾਣਗੇ। ਕੇਂਦਰੀ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਕਿਹਾ ਕਿ ਬੋਨਸ ਦੀ ਅਦਾਇਗੀ ਰੇਲਵੇ ਮੁਲਾਜ਼ਮਾਂ ਨੂੰ ਰੇਲਵੇ ਦੇ ਪ੍ਰਦਰਸ਼ਨ ਨੂੰ ਸੁਧਾਰਨ ਲਈ ਕੰਮ ਕਰਨ ਲਈ ਪ੍ਰੇਰਿਤ ਕਰਨ ਵਾਸਤੇ ਇੱਕ ਪ੍ਰੋਤਸਾਹਨ ਏ। ਇਸ ਨਾਲ 11 ਲੱਖ 72 ਹਜ਼ਾਰ 240 ਮੁਲਾਜ਼ਮਾਂ ਨੂੰ ਫਾਇਦਾ ਹੋਵੇਗਾ।

---

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ 25 ਸਤੰਬਰ ਨੂੰ ਸੂਬੇ ਵਿੱਚ ਪੰਚਾਇਤੀ ਚੋਣਾਂ ਦਾ ਪ੍ਰੋਗਰਾਮ ਐਲਾਨਿਆ ਗਿਆ ਸੀ, ਜਿਸ ਮੁਤਾਬਿਕ ਪੰਚ ਅਤੇ ਸਰਪੰਚ ਦੇ ਅਹੁਦਿਆਂ ਲਈ ਨਾਮਜ਼ਦਗੀਆਂ ਭਰਨ ਦਾ ਸਮਾਂ,

27 ਸਤੰਬਰ ਤੋਂ 4 ਅਕਤੂਬਰ ਤੱਕ ਨਿਸ਼ਚਿਤ ਕੀਤਾ ਗਿਆ ਏ। ਖਬਰ ਏਜੇਂਸੀ ਹਿੰਦੁਸਥਾਨ ਸਮਾਚਾਰ ਮੁਤਾਬਿਕ ਗੁਰਦਾਸਪੁਰ ਦੀ ਗੁਣੀਆ ਪੰਚਾਇਤ ਨਾਲ ਸਬੰਧਿਤ ਮਾਮਲੇ 'ਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਨਾਮਜ਼ਦਗੀ, ਜਾਂਚ ਅਤੇ ਚੋਣਾਂ ਦੀ ਵੀਡੀਓ ਰਿਕਾਰਡਿੰਗ ਕਰਨ ਦੇ ਹੁਕਮ ਦਿੱਤੇ ਨੇ। ਸਰਪੰਚ ਦੇ ਅਹੁਦੇ ਲਈ ਚੋਣ ਲੜ ਰਹੀ ਗੁਰਚਰਨਜੀਤ ਕੌਰ ਵੱਲੋਂ ਇਸ ਸਬੰਧੀ ਪਟੀਸ਼ਨ ਦਾਇਰ ਕੀਤੀ ਗਈ ਸੀ।

------------------------------------------------------------------

ਹਰਿਆਣਾ ਵਿੱਚ ਵਿਧਾਨ ਸਭਾ ਚੋਣਾਂ ਲਈ ਭਲਕੇ ਹੋਣ ਵਾਲੀ ਵੋਟਿੰਗ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। ਵੋਟਿੰਗ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਚੱਲੇਗੀ। 90 ਮੈਂਬਰੀ ਵਿਧਾਨ ਸਭਾ ਚੋਣਾਂ ਵਿੱਚ ਇੱਕ ਹਜ਼ਾਰ 31 ਉਮੀਦਵਾਰ ਮੈਦਾਨ ਵਿੱਚ ਨੇ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਦੱਸਿਆ ਕਿ ਇਨ੍ਹਾਂ ਵਿੱਚ 464 ਆਜ਼ਾਦ ਉਮੀਦਵਾਰ ਨੇ। ਸੂਬੇ ਵਿੱਚ 2 ਕਰੋੜ 3 ਲੱਖ 54 ਹਜ਼ਾਰ ਤੋਂ ਵੱਧ ਵੋਟਰ ਨੇ। ਉਨ੍ਹਾਂ ਦਸਿਆ

ਕਿ ਚੋਣਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ, ਕੁੱਲ 20 ਹਜ਼ਾਰ 632 ਪੋਲਿੰਗ ਸਟੇਸ਼ਨ ਬਣਾਏ ਗਏ ਨੇ।

-----------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਰਕਾਰ ਨੇ, ਨਵੰਬਰ 2022 ਵਿੱਚ ਯੰਗ ਐਂਟਰ-ਪ੍ਰੀਨਿਓਰ ਪ੍ਰੋਗਰਾਮ ਸਕੀਮ ਤਹਿਤ, ਸਿੱਖਿਆ ਵਿਭਾਗ ਰਾਹੀਂ ਬਿਜ਼ਨਸ ਬਲਾਸਟਰ ਪ੍ਰੋਗਰਾਮ ਸ਼ੁਰੂ ਕੀਤਾ ਸੀ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਗਏ ਵਪਾਰਕ ਵਿਚਾਰਾਂ ਦਾ ਵਿਸ਼ਲੇਸ਼ਣ ਕੀਤਾ ਗਿਆ, ਜਿਨ੍ਹਾਂ ਵਿਚੋਂ 52 ਹਜ਼ਾਰ 50 ਵਿਦਿਆਰਥੀਆਂ ਨੂੰ ਸੀਡ ਮਨੀ ਦੀ ਵੰਡ ਲਈ ਸ਼ਾਰਟਲਿਸਟ ਕੀਤਾ ਗਿਆ ਏ। ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਯਕੀਨੀ ਬਣਾਉਣ ਲਈ ਕਿ ਹਰ ਇੱਕ ਯੋਗ ਵਿਦਿਆਰਥੀਆਂ ਦੇ ਉੱਦਮੀ ਸਫ਼ਰ ਦੀ ਸ਼ੁਰੂਆਤ ਕਰਨ ਲਈ ਲੋੜੀਂਦੀ ਸੀਡ ਮਨੀ ਦੀ ਰਾਸ਼ੀ 10 ਕਰੋੜ 41 ਲੱਖ ਰੁਪਏ ਦੀ ਜਾਰੀ ਕੀਤੀ ਗਈ ਏ। ਸਿੱਖਿਆ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਦੀ ਸ਼ੁਰੂਆਤ ਰਾਜ ਦੇ 9 ਜ਼ਿਲ੍ਹਿਆਂ ਦੇ 32 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ

ਦੇ 11ਵੀਂ ਜਮਾਤ ਦੇ 11,041 ਵਿਦਿਆਰਥੀਆਂ ਦੇ ਨਾਲ ਕੀਤੀ ਗਈ ਸੀ ।

--------------------------------------------------------------

ਇਹ ਪ੍ਰੋਗਰਾਮ ਰਾਜ ਦੇ ਸਾਰੇ 23 ਜ਼ਿਲ੍ਹਿਆਂ ਦੇ ਸਾਰੇ 1920 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸ਼ੁਰੂ ਕੀਤਾ ਗਿਆ ਏ, ਜਿਸ ਵਿਚ 7 ਹਜ਼ਾਰ 813 ਅਧਿਆਪਕਾਂ ਵਲੋਂ, 11ਵੀਂ ਜਮਾਤ ਦੇ ਇਕ ਲਖ 83, ਹਜ਼ਾਰ 192 ਵਿਦਿਆਰਥੀਆਂ ਲਈ ਇਹ ਪ੍ਰੋਗਰਾਮ ਚਲਾਇਆ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਇਕ ਲਖ 38 ਹਜ਼ਾਰ 676 ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਲਈ ਆਪਣੇ ਆਪ ਨੂੰ ਰਜਿਸਟਰ ਕਰਵਾਇਆ ਸੀ ।

--------------------------------------------------------------

ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲਿਸ ਨੇ ਬੀਤੀ ਰਾਤ ਅੰਮ੍ਰਿਤਸਰ ਜ਼ਿਲ੍ਹੇ ਦੇ ਸਰਹੱਦੀ ਖੇਤਰ ਚੋਂ 550 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ । ਇੱਕ ਸ਼ੱਕੀ ਪੈਕਟ ਦੀ ਮੌਜੂਦਗੀ ਬਾਰੇ, ਬੀ.ਐਸ.ਐਫ ਦੇ ਖੁਫੀਆ ਵਿੰਗ ਦੀ ਸੂਚਨਾ ਦੇ ਅਧਾਰ ਤੇ, ਜਵਾਨਾਂ ਨੇ ਪੰਜਾਬ ਪੁਲਿਸ ਦੇ ਸਹਿਯੋਗ

ਨਾਲ ਇੱਕ ਸਾਂਝੀ ਤਲਾਸ਼ੀ ਮੁਹਿੰਮ ਚਲਾਈ ਜਿਸ ਦੌਰਾਨ ਜਵਾਨਾਂ ਨੇ ਪਿੰਡ ਦਾਉਕੇ ਦੇ ਨਾਲ ਲੱਗਦੇ ਇੱਕ ਖੇਤਾਂ ਵਿੱਚ 550 ਗ੍ਰਾਮ ਹੈਰੋਇਨ ਦਾ ਇਕ ਪੈਕੇਟ ਬਰਾਮਦ ਕੀਤਾ। ਇਸ ਪੈਕੇਟ ਨੂੰ ਪੀਲੇ ਚਿਪਕਣ ਵਿੱਚ ਲਪੇਟਿਆ ਹੋਇਆ ਸੀ, ਇਸ ਨਾਲ ਇੱਕ ਸਟੀਲ ਦੀ ਰਿੰਗ ਅਤੇ ਇੱਕ ਮਿੰਨੀ ਟਾਰਚ ਵੀ ਜੁੜੀ ਹੋਈ ਮਿਲੀ ਏ।

------------------------------------------------------------

ਪੰਜਾਬ ‘ਚ ਅੱਜ ਤੋਂ ਮੌਸਮ ‘ਚ ਬਦਲਾਅ ਹੋਵੇਗਾ। ਇਸ ਦੌਰਾਨ ਸੂਬੇ ਦੇ ਕਰੀਬ 8 ਜ਼ਿਲ੍ਹਿਆਂਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਮੁਕਤਸਰ ਵਿੱਚ ਕੁਝ ਥਾਵਾਂ ’ਤੇ ਮੀਂਹ ਪੈਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ ਸ਼ਨੀਵਾਰ ਤੋਂ ਪੱਛਮੀ ਗੜਬੜੀ ਦੇ ਵੀ ਸਰਗਰਮ ਹੋਣ ਦੀ ਪੇਸ਼ੀਨਗੋਈ ਵੀ ਕੀਤੀ ਏ।

------------------------------------------------------------

ਫਾਜ਼ਿਲਕਾ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਅਵਤਾਰ ਸਿੰਘ ਦੀ ਰਹਿਨੁਮਾਈ ਹੇਠ ਮਿਊਂਸਪਲ ਕਮੇਟੀ, ਫਾਜ਼ਿਲਕਾ ਦੇ ਸਹਿਯੋਗ ਨਾਲ ‘ਸਵੱਛਤਾ ਹੀ ਸੇਵਾ’ ਅਭਿਆਨ ਚਲਾਇਆ ਗਿਆ, ਜਿਸ ਦੇ ਤਹਿਤ ਜੂਡੀਸ਼ਲ ਕੋਰਟ

ਕੰਪਲੈਕਸ ਦੇ ਆਲੇ-ਦੁਆਲੇ ਨੂੰ ਸਾਫ ਕੀਤਾ ਗਿਆ । ਅਵਤਾਰ ਸਿੰਘ ਨੇ ਦੱਸਿਆ ਕਿ ਮੁਹਿੰਮ ਦਾ ਉਦੇਸ਼ ਲੋਕਾਂ ਵਿੱਚ ਸਾਫ-ਸਫਾਈ ਅਤੇ ਹਾਈਜੀਨ ਦੇ ਪ੍ਰਤੀ ਜਾਗਰੂਕਤਾ ਪੈਦਾ ਕਰਨੀ ਏ। ਇਹ ਮੁਹਿੰਮ ਸਿਰਫ ਸਫਾਈ ਦੇ ਪ੍ਰਤੀ ਨਹੀਂ, ਸਗੋਂ ਸੇਵਾ ਦੇ ਰੂਪ ਵਿੱਚ ਸਫਾਈ ਨੂੰ ਅਪਣਾਉਣ ਅਤੇ ਸਮਾਜ ਦੇ ਹਿੱਤ ਲਈ ਸਫਾਈ ਨੂੰ ਇੱਕ ਸੇਵਾ ਸਮਝਣ ਤੇ ਜ਼ੋਰ ਦਿੰਦੀ ਏ। ਉਹਨਾਂ ਨੇ ਆਮ ਲੋਕਾਂ ਨੂੰ ਆਪਣੇ ਘਰਾਂ, ਆਸ-ਪਾਸ ਦੇ ਇਲਾਕੇ, ਗਲੀ-ਮੁਹੱਲਿਆਂ, ਦਫਤਰ ਅਤੇ ਦੁਕਾਨਾਂ ਦੀ ਸਫਾਈ ਕਰਨ ਲਈ ਪ੍ਰੇਰਿਤ ਕੀਤਾ।

---------------------------------------------------

ਗੁਰਦਾਸਪੁਰ ਵਿਚ ਵੀ ਜਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੀ ਰਹਿਨੁਮਾਈ ਹੇਠ ਜਿਲ੍ਹਾ ਕਚਹਿਰੀਆਂ ਗੁਰਦਾਸਪੁਰ ਵਿਖੇ ਸਵੱਛਤਾ ਅਭਿਆਨ 'ਸਵੱਛਤਾ ਹੀ ਸੇਵਾ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਰਜਿੰਦਰ ਅਗਰਵਾਲ ਨੇ ਜਿਲ੍ਹਾ ਕਚਹਿਰੀਆਂ ਦੇ ਸਾਰੇ ਸਫਾਈ ਕਰਮਚਾਰੀਆਂ ਨੂੰ ਸਫਾਈ ਰੱਖਣ ਬਾਰੇ ਕਿਹਾ ਅਤੇ ਸਭ ਤੋਂ ਵਧੀਆਂ ਸਫਾਈ ਕਰਮਚਾਰੀਆਂ ਨੂੰ ਪ੍ਰਸੰਸ਼ਾ ਪੱਤਰ ਵੰਡੇ ਗਏ। ਉਨ੍ਹਾਂ ਸਾਰੇ

ਸਫਾਈ ਕਰਮਚਾਰੀਆਂ ਨੂੰ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਇਹ ਸਵੱਛਤਾ ਅਭਿਆਨ 'ਸਵੱਛਤਾ ਹੀ ਸੇਵਾ- 2024' ਪੂਰਾ ਹਫਤਾ ਚੱਲੇਗਾ ਅਤੇ ਸਾਨੂੰ ਆਪਣੇ ਆਲੇ ਦੁਆਲੇ ਦੀ ਸਫਾਈ ਰੱਖਣੀ ਚਾਹੀਦੀ।

-----------------------------------------------------------

ਜ਼ਿਲ੍ਹਾ ਗੁਰਦਾਸਪੁਰ ਦੇ ਸਾਰੇ ਸਰਕਾਰੀ, ਪ੍ਰਾਈਵੇਟ, ਏਡਿਡ ਸਕੂਲਾਂ ਵਿੱਚ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਵੱਖ-ਵੱਖ ਗਤੀਵਿਧੀਆਂ ਦੇ ਤਹਿਤ ਸਰਹੱਦੀ ਸਪੋਰਟਸ ਐਂਡ ਵੈਲਫੇਅਰ ਕਲੱਬ ਬਟਾਲਾ ਵੱਲੋਂ ਗੁਰੂ ਨਾਨਕ ਹਾਈ ਸਕੂਲ ਸਤਕੋਹਾ ਵਿਖੇ ਪ੍ਰੋਗਰਾਮ ਕਰਵਾਇਆ ਗਿਆ। ਕਲੱਬ ਦੇ ਪ੍ਰਧਾਨ ਤੇਜ ਪ੍ਰਤਾਪ ਸਿੰਘ ਕਾਹਲੋਂ ਅਤੇ ਸਕੂਲ ਦੇ ਮੁੱਖ ਅਧਿਆਪਕ ਗੁਰਮੀਤ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਸਕੂਲਾਂ ਵਿੱਚ ਸਫਾਈ ਨੂੰ ਲੰਬੇ ਸਮੇਂ ਤੱਕ ਬਣਾਈ ਰੱਖਣ ਲਈ, ਵੱਖ-ਵੱਖ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੇ ਪੂਰੀ ਤਨਦੇਹੀ ਦੇ ਨਾਲ ਸਫਾਈ ਕਾਰਜਾਂ ਵਿੱਚ ਜੁੱਟਣ ਦਾ ਅਹਿਦ ਕੀਤਾ ਏ।

---------------------------------------------------------------

ਫਤਿਹਗੜ੍ਹ ਸਾਹਿਬ ਦੀ ਅਦਾਲਤ ਵਿੱਚ ਵਕੀਲਾਂ ਦੀ ਵੱਧ ਰਹੀ ਗਿਣਤੀ ਨੂੰ ਮੁੱਖ ਰੱਖਦਿਆਂ ਹੁਣ 104 ਨਵੇਂ ਚੈਂਬਰ ਬਣਾਏ ਜਾਣਗੇ । ਜਿਲਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਨੇ ਦੱਸਿਆ ਕਿ ਉਹਨਾਂ ਦੇ ਵੱਲੋਂ ਮੰਗ ਕੀਤੀ ਗਈ ਸੀ ਕਿ ਆਉਣ ਵਾਲੇ ਸਮੇਂ ਦੇ ਵਿੱਚ ਵਕੀਲਾਂ ਦੀ ਗਿਣਤੀ ਵੱਧ ਰਹੀ ਏ । ਜਿਸ ਨੂੰ ਦੇਖਦੇ ਹੋਏ ਫਤਿਹਗੜ੍ਹ ਸਾਹਿਬ ਦੀ ਅਦਾਲਤ ਵਿੱਚ ਚੈਂਬਰਾਂ ਦੀ ਬਹੁਤ ਜਰੂਰਤ ਏ ਅਤੇ ਇਸ ਨੂੰ ਮਨਜੂਰ ਕਰਦੇ ਹੋਏ 104 ਚੈਂਬਰ ਅਲਾਟ ਕੀਤੇ ਗਏ ਨੇ । ਉਨ੍ਹਾਂ ਦੱਸਿਆ ਕਿ ਨਵੇਂ ਬਨਣ ਵਾਲੇ ਚੈਂਬਰਾਂ ਦਾ ਜਲਦ ਹੀ ਨੀਂਹ ਪੱਥਰ ਰੱਖ ਕੇ ਨਿਰਮਾਣ ਕਰਵਾਇਆ ਜਾਵੇਗਾ, ਉਥੇ ਹੀ ਉਹਨਾਂ ਨੇ ਦੱਸਿਆ ਕਿ ਪਾਰਕਿੰਗ ਦੀ ਸਮੱਸਿਆ ਨੂੰ ਦੂਰ ਕਰਨ ਦੇ ਲਈ ਬਿਲਡਿੰਗ ਦੇ ਥੱਲੇ ਪਾਰਕਿੰਗ ਬਣਾਈ ਜਾਵੇਗੀ ।